ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਸੂਬੇ ਦੀਆਂ ਮੰਡੀਆਂ ਵਿੱਚ ਕਣਕ ਦੀ ਖ਼ਰੀਦ ਸੁਚਾਰੂ ਢੰਗ ਨਾਲ ਜਾਰੀ: ਕਾਹਨ ਸਿੰਘ ਪੰਨੂੰ

ਪਿਛਲੇ ਸਾਲ ਹੁਣ ਤੱਕ ਹੋਈ 03.02 ਲੱਖ ਟਨ ਖ਼ਰੀਦ ਦੇ ਮੁਕਾਬਲੇ ਇਸ ਵਾਰ ਹੁਣ ਤੱਕ 15.38 ਲੱਖ ਟਨ ਕਣਕ ਖ਼ਰੀਦੀ

ਮੰਡੀਆਂ ਵਿੱਚ ਕਰੀਬ 130 ਲੱਖ ਟਨ ਕਣਕ ਦੀ ਹੋਣੀ ਹੈ ਆਮਦ

ਕਿਸਾਨਾਂ ਦੇ ਫ਼ਸਲ ਦੇ ਦਾਣੇ ਦਾਣੇ ਦੀ ਹੋਵੇਗੀ ਖ਼ਰੀਦ

ਖ਼ਰੀਦ ਜ਼ਰੀਏ ਕਿਸਾਨਾਂ ਕੋਲ ਜਾਣੇ ਹਨ ਕਰੀਬ 25 ਹਜ਼ਾਰ ਕਰੋੜ ਰੁਪਏ

ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਮੰਡੀਆਂ ਵਿੱਚ ਕੀਤੇ ਗਏ ਹਨ ਪੁਖ਼ਤਾ ਪ੍ਰਬੰਧ

ਕਿਸਾਨਾਂ ਨੂੰ ਨਹੀਂ ਆਉਣ ਦਿੱਤੀ ਜਾਵੇਗੀ ਕੋਈ ਵੀ ਦਿੱਕਤ

ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ, ਪੰਜਾਬ ਦੇ ਸਕੱਤਰ ਵੱਲੋਂ ਸਰਹਿੰਦ ਮੰਡੀ ਦਾ ਦੌਰਾ

ਫ਼ਤਹਿਗੜ੍ਹ ਸਾਹਿਬ, 22 ਅਪ੍ਰੈਲ :

ਪੰਜਾਬ ਦੀਆਂ ਮੰਡੀਆਂ ਵਿੱਚ ਕਣਕ ਦੀ ਖ਼ਰੀਦ ਸੁਚਾਰੂ ਢੰਗ ਨਾਲ ਚੱਲ ਰਹੀ ਹੈ। ਪਿਛਲੇ ਸਾਲ ਜਿੱਥੇ ਹੁਣ ਤੱਕ ਸੂਬੇ ਦੀਆਂ ਮਡੀਆਂ ਵਿੱਚ 04.83 ਲੱਖ ਟਨ ਕਣਕ ਦੀ ਆਮਦ ਤੇ 03.02 ਲੱਖ ਟਨ ਕਣਕ ਦੀ ਖ਼ਰੀਦ ਹੋਈ ਸੀ, ਉਥੇ ਇਸ ਵਾਰ ਹੁਣ ਤੱਕ 17.56 ਲੱਖ ਟਨ ਕਣਕ ਦੀ ਆਮਦ ਹੋ ਚੁੱਕੀ ਹੈ ਤੇ 15.38 ਲੱਖ ਟਨ ਕਣਕ ਖ਼ਰੀਦੀ ਗਈ ਹੈ। ਇਹ ਜਾਣਕਾਰੀ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ, ਪੰਜਾਬ ਦੇ ਸਕੱਤਰ ਸ. ਕਾਹਨ ਸਿੰਘ ਪੰਨੂੰ ਨੇ ਸਰਹਿੰਦ ਮੰਡੀ ਵਿਖੇ ਕਣਕ ਦੀ ਖ਼ਰੀਦ ਪ੍ਰਕਿਰਿਆ ਦਾ ਜਾਇਜ਼ਾ ਲੈਣ ਮੌਕੇ ਦਿੱਤੀ। ਉਨ੍ਹਾਂ ਕਿਹਾ ਕਿ ਸੂਬੇ ਦੇ ਕਰੀਬ 85 ਲੱਖ ਏਕੜ ਰਕਬੇ ਵਿੱਚ ਕਣਕ ਦੀ ਬਿਜਾਈ ਹੋਈ ਸੀ, ਜਿਸ ਵਿੱਚੋਂ ਕਰੀਬ 130 ਲੱਖ ਟਨ ਕਣਕ ਮੰਡੀਆਂ ਵਿੱਚ ਆਉਣੀ ਹੈ ਤੇ ਪੰਜਾਬ ਸਰਕਾਰ ਵੱਲੋਂ ਕਣਕ ਦਾ ਦਾਣਾ-ਦਾਣਾ ਖ਼ਰੀਦਿਆ ਜਾਣਾ ਹੈ ਤੇ ਨਾਲ ਹੀ ਕੋਰੋਨਾ ਵਾਇਰਸ ਤੋਂ ਬਚਾਅ ਲਈ ਮੰਡੀਆਂ ਵਿੱਚ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ। ਇਸ ਖ਼ਰੀਦ ਜ਼ਰੀਏ ਕਰੀਬ 25 ਹਜ਼ਾਰ ਕਰੋੜ ਰੁਪਏ ਕਿਸਾਨਾਂ ਅਤੇ ਕਰੀਬ 700 ਕਰੋੜ ਰੁਪਏ ਮਜ਼ਦੂਰਾਂ ਕੋਲ ਜਾਣਾ ਹੈ, ਜਿਸ ਨਾਲ ਸੂਬੇ ਨੂੰ ਕੋਰੋਨਾ ਕਾਰਨ ਪੈਦਾ ਹੋਈ ਇਸ ਔਖੀ ਘੜੀ ਵਿੱਚ ਰਾਹਤ ਮਿਲੇਗੀ।

ਸ. ਕਾਹਨ ਸਿੰਘ ਪੰਨੂੰ ਨੇ ਕਿਹਾ ਕਿ ਮਾਜੂ ਤੇ ਬਦਰੰਗ ਦਾਣੇ ਕਾਰਨ ਖ਼ਰੀਦ ਸਬੰਧੀ ਆ ਰਹੀ ਦਿੱਕਤ ਨੂੰ ਦੂਰ ਕਰਨ ਲਈ ਭਾਰਤ ਸਰਕਾਰ ਨਾਲ ਲਗਾਤਾਰ ਗੱਲਬਾਤ ਕੀਤੀ ਜਾ ਰਹੀ ਹੈ ਤੇ ਛੇਤੀ ਹੀ ਇਹ ਸਮੱਸਿਆ ਹੱਲ ਹੋ ਜਾਵੇਗੀ ਤੇ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਮੰਡੀਆਂ ਵਿਚੱ ਆਉਣ ਸਬੰਧੀ ਟੋਕਨ ਜਾਰੀ ਕੀਤੇ ਗਏ ਹਨ ਤੇ ਕਿਸਾਨ ਟੋਕਨ ਦੇ ਹਿਸਾਬ ਨਾਲ ਹੀ ਮੰਡੀਆਂ ਵਿੱਚ ਆ ਰਹੇ ਹਨ। ਉਨ੍ਹਾਂ ਕਿਹਾ ਕਿਸਾਨਾਂ ਤੋਂ ਜਿਸ ਪੱਧਰ ਦਾ ਸਹਿਯੋਗ ਸਰਕਾਰ ਨੂੰ ਮਿਲ ਰਿਹਾ ਹੈ, ਉਹ ਸ਼ਲਾਘਾਯੋਗ ਹੈ ਤੇ ਇਸ ਸਦਕਾ ਕਣਕ ਦੀ ਖ਼ਰੀਦ ਪ੍ਰਕਿਰਿਆ ਤੈਅ ਸਮੇਂ ਤੋਂ ਪਹਿਲਾਂ ਹੀ ਮੁਕੰਮਲ ਕਰ ਲਈ ਜਾਵੇਗੀ।

ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਜਿਥੇ ਸਮਾਜਿਕ ਵਿੱਥ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ, ਹੱਥ ਧੋਣ, ਸੈਨੀਟਾਈਜ਼ਰ ਤੇ ਮਾਸਕ ਦੇ ਵਿਸ਼ੇਸ਼ ਤੌਰ 'ਤੇ ਪ੍ਰਬੰਧ ਕੀਤੇ ਗਏ ਹਨ ਤਾਂ ਜੋ ਇਸ ਖਤਰਨਾਕ ਮਹਾਂਮਾਰੀ ਨੂੰ ਫੈਲਣ ਤੋਂ ਰੋਕਿਆ ਜਾ ਸਕੇ। ਇਸ ਮੌਕੇ ਉਨ੍ਹਾਂ ਨੇ ਕਿਸਾਨਾਂ, ਆੜ੍ਹਤੀਆਂ ਤੇ ਮਜ਼ਦੂਰਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਭਰੋਸਾ ਦਿੱਤਾ ਕਿ ਜੇ ਕਿਸੇ ਨੂੰ ਮੰਡੀ ਵਿੱਚ ਕਿਸੇ ਕਿਸਮ ਦੀ ਦਿੱਕਤ ਆਉਂਦੀ ਹੈ ਤਾਂ ਉਸ ਨੂੰ ਛੇਤੀ ਤੋਂ ਛੇਤੀ ਦੂਰ ਕੀਤਾ ਜਾਵੇਗਾ। ਉਨ੍ਹਾਂ ਨੇ ਨਾਲ ਹੀ ਅਪੀਲ ਕੀਤੀ ਕਿ ਕੋਰੋਨਾ ਵਾਇਰਸ ਤੋਂ ਬਚਾਅ ਲਈ ਸਿਹਤ ਵਿਭਾਗ ਵੱਲੋਂ ਦੱਸੀਆਂ ਸਾਵਧਾਨੀਆਂ ਦੀ ਪਾਲਣਾ ਯਕੀਨੀ ਬਣਾਈ ਜਾਵੇ। ਇਸ ਮੌਕੇ ਸ. ਪੰਨੂੰ ਨੇ ਮੰਡੀ ਵਿੱਚ ਹੱਥ ਧੋਣ, ਪੀਣ ਵਾਲੇ ਪਾਣੀ ਤੇ ਕਿਸਾਨਾਂ ਲਈ ਕੀਤੇ ਹੋਰ ਪ੍ਰਬੰਧਾਂ ਦਾ ਜਾਇਜ਼ਾ ਵੀ ਲਿਆ ਤੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਨਾ ਆਉਣ ਦਿੱਤੀ ਜਾਵੇ।

ਜ਼ਿਲ੍ਹੇ ਵਿੱਚ ਕਣਕ ਦੀ ਖ਼ਰੀਦ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਹੁਣ ਤੱਕ 25,780 ਮੀਟਰਿਕ ਟਨ ਕਣਕ ਦੀ ਆਮਦ ਹੋਈ ਹੈ ਜਿਸ ਵਿੱਚੋਂ ਵੱਖ-ਵੱਖ ਸਰਕਾਰੀ ਖਰੀਦ ਏਜੰਸੀਆਂ ਵੱਲੋਂ 18,684 ਮੀਟਰਿਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ। ਖਰੀਦੀ ਗਈ ਕਣਕ ਵਿੱਚੋਂ ਪਨਗ੍ਰੇਨ ਵੱਲੋਂ 3,852 ਮੀਟਰਿਕ ਟਨ, ਮਾਰਕਫੈਡ ਵੱਲੋਂ 5,773 ਮੀਟਰਿਕ ਟਨ, ਪਨਸਪ ਵੱਲੋਂ 3,872 ਮੀਟਰਿਕ ਟਨ, ਵੇਅਰ ਹਾਊਸ ਵੱਲੋਂ 3,326 ਮੀਟਰਿਕ ਟਨ ਤੇ ਐਫ.ਸੀ.ਆਈ. ਵੱਲੋਂ 1,861 ਮੀਟਰਿਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ।

ਇਸ ਮੌਕੇ ਜਨਰਲ ਮੈਨੇਜਰ (ਪ੍ਰੋਜੈਕਟ) ਮੰਡੀ ਬੋਰਡ ਸ. ਗੁਰਵਿੰਦਰ ਸਿੰਘ ਰੰਧਾਵਾ, ਆੜ੍ਹਤੀ ਐਸੋਸੀਏਸ਼ਨ ਪੰਜਾਬ ਦੇ ਵਾਈਸ ਪ੍ਰਧਾਨ ਸਾਧੂ ਰਾਮ ਭੱਟਮਾਜਰਾ ਜ਼ਿਲ੍ਹਾ ਮੰਡੀ ਅਫ਼ਸਰ ਰਜਿੰਦਰ ਕੁਮਾਰ, ਸਕੱਤਰ ਮਾਰਕਿਟ ਕਮੇਟੀ ਗਗਨਦੀਪ ਸਿੰਘ ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

ਕੈਪਸ਼ਨ: ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ, ਪੰਜਾਬ ਦੇ ਸਕੱਤਰ ਸ. ਕਾਹਨ ਸਿੰਘ ਪੰਨੂੰ, ਸਰਹਿੰਦ ਮੰਡੀ ਵਿਖੇ ਕਣਕ ਦੀ ਖ਼ਰੀਦ ਦਾ ਜਾਇਜ਼ਾ ਲੈਂਦੇ ਹੋਏ।

ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਕਰਫਿਊ ਦੌਰਾਨ ਜ਼ਬਤ ਕੀਤੇ ਵਾਹਨਾਂ ਨੂੰ ਛੁਡਾਉਣ ਦੀ ਪ੍ਰਕਿਰਿਆ ਆਨਲਾਈਨ

ਕੋਰੋਨਾ ਤੋਂ ਬਚਾਅ ਸਬੰਧੀ ਸ਼ੁਰੂ ਕੀਤੀ ਗਈ ਪ੍ਰਕਿਰਿਆ

ਆਨਲਾਈਨ ਅਰਜ਼ੀਆਂ ਦੇਣ ਲਈ ਵੱਖ ਵੱਖ ਅਦਾਲਤਾਂ ਵੱਲੋਂ ਈ-ਮੇਲ ਆਈਡੀਜ਼ ਜਾਰੀ

ਫ਼ਤਹਿਗੜ੍ਹ ਸਾਹਿਬ, 22 ਅਪ੍ਰੈਲ

ਕਰਫਿਊ ਦੀ ਉਲੰਘਣਾ ਦੇ ਦੋਸ਼ ਹੇਠ ਜ਼ਬਤ ਕੀਤੇ ਵਾਹਨਾਂ ਨੂੰ ਛੁਡਵਾਉਣ ਲਈ ਅਦਾਲਤਾਂ ਵਿੱਚ ਆਉਣ ਦੀ ਥਾਂ ਜ਼ਿਲ੍ਹੇ ਵਿਚਲੀਆਂ ਅਦਾਲਤਾਂ ਦੀਆਂ ਈ-ਮੇਲ ਆਈਡੀਜ਼ ਉਤੇ ਅਰਜ਼ੀ ਭੇਜੀ ਜਾ ਸਕਦੀ ਹੈ। ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਦੇ ਮੱਦੇਨਜ਼ਰ ਇਹ ਪ੍ਰਕਿਰਿਆ ਸ਼ੁਰੂ ਕੀਤੀ ਗਈ ਹੈ। ਇਸ ਸਬੰਧੀ ਫ਼ਤਹਿਗੜ੍ਹ ਸਾਹਿਬ ਲਈ djfgs-chd@nic.in, ਅਮਲੋਹ ਲਈ courtamloh@gmail.com ਅਤੇ ਖਮਾਣੋਂ ਲਈ khamanoncourt@gmail.com ਉਤੇ ਅਰਜ਼ੀ ਭੇਜੀ ਜਾ ਸਕਦੀ ਹੈ।
ਇਹ ਜਾਣਕਾਰੀ ਦਿੰਦਿਆਂ ਸਿਵਲ ਜੱਜ (ਸੀਨੀਅਰ ਡਿਵੀਜ਼ਨ) ਅਸ਼ੀਸ਼ ਕੁਮਾਰ ਬਾਂਸਲ ਅਤੇ ਸਬ ਡਿਵੀਜ਼ਨਲ ਜੁਡੀਸ਼ੀਅਲ ਮੈਜਿਸਟਰੇਟ, ਅਮਲੋਹ ਅਸ਼ੀਸ਼ ਥਥਈ ਨੇ ਦੱਸਿਆ ਕਿ ਇਸ ਸਬੰਧੀ ਸਬੰਧਤ ਥਾਣੇ ਤੋਂ ਰਿਪੋਰਟਾਂ ਵੀ ਆਨਲਾਈਨ ਹੀ ਲਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਬਿਨੈਕਰਤਾ ਅਰਜ਼ੀ ਸਟੇਟਸ ਜਿਵੇਂ ਕਿ ਅਗਲੀ ਤਰੀਕ ਤੇ ਫਾਈਨਲ ਆਰਡਰ ਵੀ ਆਨਲਾਈਨ ਪੋਰਟਲ ਆਫ ਈ-ਕੋਰਟਸ ਸਰਵਿਸਿਜ਼ http://ecourts.gov.in ਉਤੇ ਸੀ.ਐਨ.ਆਰ ਨੰਬਰ ਭਰ ਕੇ ਦੇਖ ਸਕਦਾ ਹੈ, ਜੋ ਕਿ ਉਸ ਨੂੰ ਅਰਜ਼ੀ ਦਾਇਰ ਕਰਨ ਸਮੇਂ ਜਾਰੀ ਹੋਣ ਵਾਲੀ ਰਸੀਦ ਉਤੇ ਦਰਜ ਹੋਵੇਗਾ। ਰਲੀਜ਼ ਆਰਡਰ ਸਬੰਧਤ ਥਾਣੇ ਨੂੰ ਜਾਰੀ ਕਰ ਦਿੱਤਾ ਜਾਵੇਗਾ, ਜਿੱਥੇ ਬਾਂਡ ਭਰ ਕੇ ਬਿਨੈਕਰਤਾ ਆਪਣਾ ਵਾਹਨ ਛੁਡਵਾ ਸਕਦਾ ਹੈ।
ਇਸ ਪ੍ਰਕਿਰਿਆ ਨਾਲ ਅਦਾਲਤਾਂ ਵਿੱਚ ਆਉਣ ਵਾਲਿਆਂ ਦੀ ਗਿਣਤੀ ਘਟੇਗੀ ਤੇ ਸਿਹਤ ਵਿਭਾਗ ਵੱਲੋਂ ਕੋਰੋਨਾ ਵਾਇਰਸ ਤੋਂ ਬਚਾਅ ਲਈ ਜਾਰੀ ਸੋਸ਼ਲ ਡਿਸਟੈਂਸਟਿੰਗ ਦੀ ਹਦਾਇਤ ਦੀ ਪਾਲਣਾ ਯਕੀਨੀ ਬਣਾਈ ਜਾ ਸਕੇਗੀ।

ਦਫ਼ਤਰ ਜਿ.ਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਲਗਾਏ ਕਰਫਿਊ ਦੌਰਾਨ ਡਿਊਟੀ ਨਿਭਾ ਰਹੇ ਪੁਲਿਸ ਮੁਲਾਜ਼ਮਾਂ ਦੀ ਕੀਤੀ ਹੌਂਸਲਾ ਅਫਜ਼ਾਈ

ਐਸ.ਪੀ.(ਡੀ) ਹਰਪਾਲ ਸਿੰਘ ਸਮੇਤ ਹੋਰ ਪੁਲਿਸ ਅਧਿਕਾਰੀਆਂ ਨੇ ਪੁਲਿਸ ਮੁਲਾਜ਼ਮਾਂ ਨਾਲ ਨਾਕੇ ਉਤੇ ਪੀਤੀ ਚਾਹ
ਫ਼ਤਹਿਗੜ੍ਹ ਸਾਹਿਬ, 22 ਅਪ੍ਰੈਲ :

ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਲਗਾਏ ਗਏ ਕਰਫਿਊ ਦੌਰਾਨ ਵੱਖ-ਵੱਖ ਥਾਵਾਂ ’ਤੇ ਡਿਊਟੀ ਨਿਭਾ ਰਹੇ ਪੁਲਿਸ ਮੁਲਾਜ਼ਮਾਂ ਦੀ ਹੌਂਸਲਾ ਅਫਜਾਈ ਕਰਨ ਲਈ ਐਸ.ਪੀ (ਡੀ) ਸ. ਹਰਪਾਲ ਸਿੰਘ ਨੇ ਹੋਰਨਾ ਪੁਲਿਸ ਅਧਿਕਾਰੀਆਂ ਸਮੇਤ ਬੱਸ ਸਟੈਂਡ ਜੀ.ਟੀ. ਰੋਡ ਸਰਹਿੰਦ ਨੇੜੇ ਲਾਏ ਨਾਕੇ 'ਤੇ ਇੱਕ ਮਿਲਣੀ ਰੱਖੀ ਅਤੇ ਅਧਿਕਾਰੀਆਂ ਤੇ ਮੁਲਾਜ਼ਮਾਂ ਨਾਲ ਚਾਹ ਪੀਤੀ ।
ਇਸ ਬਾਰੇ ਜਾਣਕਾਰੀ ਦਿੰਦਿਆਂ ਐਸ.ਪੀ. (ਡੀ) ਹਰਪਾਲ ਸਿੰਘ ਨੇ ਦੱਸਿਆ ਕਿ ਕੋਰੋਨਾ ਵਾਇਰਸ ਤੋਂ ਬਚਾਅ ਲਈ ਲਗਾਏ ਗਏ ਕਰਫਿਊ ਦੌਰਾਨ ਪੁਲਿਸ ਜਵਾਨਾਂ ਵੱਲੋਂ ਜਿਸ ਸ਼ਿਦੱਤ ਤੇ ਮਿਹਨਤ ਨਾਲ ਡਿਊਟੀ ਨਿਭਾਈ ਜਾ ਰਹੀ ਹੈ ਉਹ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਨੇ ਹਮੇਸ਼ਾਂ ਸੂਬੇ ’ਤੇ ਆਈ ਕਿਸੇ ਵੀ ਮੁਸੀਬਤ ਨਾਲ ਨਜਿੱਠਣ ਲਈ ਅੱਗੇ ਆ ਕੇ ਯੋਗਦਾਨ ਪਾਇਆ ਹੈ ਅਤੇ ਕੋਵਿਡ-19 ਕਾਰਨ ਪੈਦਾ ਹੋਏ ਹਾਲਾਤਾਂ ਨਾਲ ਨਜਿੱਠਣ ਲਈ ਪੁਲਿਸ ਜਵਾਨਾਂ ਨੇ ਇੱਕ ਵਾਰ ਮੁੜ ਵਿਖਾ ਦਿੱਤਾ ਹੈ ਕਿ ਪੰਜਾਬ ਪੁਲਿਸ ਹਰੇਕ ਮੁਸ਼ਕਲ ਦਾ ਸਾਹਮਣਾ ਕਰਨ ਲਈ ਤਿਆਰ ਹੈ। ਉਨ੍ਹਾਂ ਵੱਖ-ਵੱਖ ਨਾਕਿਆਂ ’ਤੇ ਜਾ ਕੇ ਵੀ ਡਿਊਟੀ ਦੇ ਰਹੇ ਪੁਲਿਸ ਜਵਾਨਾਂ ਦੇ ਹੌਂਸਲਾ ਅਫਜ਼ਾਈ ਕੀਤੀ ਅਤੇ ਭਵਿੱਖ ਵਿੱਚ ਵੀ ਇਸੇ ਲਗਨ ਨਾਲ ਡਿਊਟੀ ਨਿਭਾਉਣ ਲਈ ਪ੍ਰੇਰਤ ਕੀਤਾ।
ਇਸ ਮੌਕੇ ਡੀ.ਐਸ.ਪੀ. (ਹੈ/ਕੁ) ਸ. ਹਰਦੀਪ ਸਿੰਘ ਬਡੂੰਗਰ, ਡੀ.ਐਸ.ਪੀ. ਫ਼ਤਹਿਗੜ੍ਹ ਸਾਹਿਬ ਸ਼੍ਰੀ ਰਮਿੰਦਰ ਸਿੰਘ ਕਾਹਲੋਂ ਅਤੇ ਇੰਸਪੈਕਟਰ ਰਜਨੀਸ਼ ਸੂਦ ਨੇ ਵੀ ਪੁਲਿਸ ਜਵਾਨਾਂ ਨਾਲ ਆਪਣੇ ਤਜਰਬੇ ਸਾਂਝੇ ਕਰਦਿਆਂ ਕਿਹਾ ਕਿ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਪੁਲਿਸ ਜਵਾਨ ਨਾਗਰਿਕਾਂ ਦੀ ਸੁਰੱਖਿਆ ਲਈ ਦਿਨ ਰਾਤ ਡਿਊਟੀ ਦੇ ਰਹੇ ਹਨ।